2024/3021
11/10/2024
ਸੀ-1

## ਦਫਤਰ ਡਿਪਟੀ ਕਮਿਸ਼ਨਰ ਕਮ ਜ਼ਿਲ੍ਹਾ ਮੈਜਿਸਟਰੇਟ, ਬਠਿੰਡਾ

([illegible])

ਹੁਕਮ ਅਧੀਨ ਧਾਰਾ 163 ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ 2023

ਦੁਸਹਿਰਾ, ਦੀਵਾਲੀ ਦਾ ਤਿਉਹਾਰ, ਗੁਰਪੁਰਬ, ਕ੍ਰਿਸਮਿਸ, ਨਵਾਂ ਸਾਲ ਮਨਾਉਣ ਸਮੇਂ ਆਮ ਤੌਰ ਤੇ ਪਬਲਿਕ ਵੱਲੋਂ ਪਟਾਕੇ, ਆਤਿਸ਼ਬਾਜ਼ੀ ਆਦਿ ਦਾ ਇਸਤੇਮਾਲ ਕੀਤਾ ਜਾਂਦਾ ਹੈ, ਜਿਸ ਨਾਲ ਅਵਾਜ਼ੀ ਅਤੇ ਵਾਤਾਵਰਣ ਪ੍ਰਦੂਸ਼ਣ ਫੈਲਦਾ ਹੈ। ਡਾਇਰੈਕਟਰ, ਉਦਯੋਗ ਅਤੇ ਕਾਮਰਸ ਵਿਭਾਗ ਪੰਜਾਬ ਸਰਕਾਰ ਵੱਲੋਂ ਪੱਤਰ ਨੰਬਰ ਟੇਕ/ਐਕਸਪਲੋਸਿਵ ਕ੍ਰੈਕਰ/ਪਾਰਟ-1/4061 ਦੇ ਮਿਤੀ 08.10.2024 ਰਾਹੀਂ ਵਿਸਫੋਟਕ ਨਿਯਮ 2008 ਅਧੀਨ ਜਾਰੀ ਕੀਤੇ ਨਿਰਦੇਸ਼ਾਂ ਅਨੁਸਾਰ ਮਿਤੀ 12.10.2024 ਨੂੰ ਦੁਸਹਿਰੇ ਦੇ ਤਿਓਹਾਰ ਤੇ ਸ਼ਾਮ 6.00 ਵਜੇ ਤੋਂ ਸ਼ਾਮ 7.00 ਵਜੇ ਤੱਕ, ਮਿਤੀ 31.10.2024 ਨੂੰ ਦੀਵਾਲੀ ਵਾਲੀ ਰਾਤ 8.00 ਵਜੇ ਤੋਂ ਰਾਤ 10.00 ਵਜੇ ਤੱਕ, ਮਿਤੀ 15.11.2024 ਨੂੰ ਗੁਰਪੁਰਬ ਦੇ ਮੌਕੇ ਤੇ ਸਵੇਰੇ 4.00 ਵਜੇ ਤੋਂ ਸਵੇਰੇ 5.00 ਵਜੇ (ਇੱਕ ਘੰਟਾ) ਰਾਤ 9.00 ਵਜੇ ਤੋਂ ਰਾਤ 10.00 ਵਜੇ ਤੱਕ (ਇੱਕ ਘੰਟਾ) ਅਤੇ ਕ੍ਰਿਸਮਿਸ /ਨਵਾਂ ਸਾਲ ਮੌਕੇ ਰਾਤ 11.55 PM ਵਜੇ ਤੋਂ 12.30 AM ਵਜੇ ਤੱਕ ਪਟਾਕੇ ਚਲਾਉਣ ਦਾ ਸਮਾਂ ਨਿਰਧਾਰਿਤ ਕੀਤਾ ਗਿਆ ਹੈ।

ਇਸ ਲਈ ਮੈਂ, ਸ਼ੌਕਤ ਅਹਿਮਦ ਪਰੇ, ਆਈ.ਏ.ਐਸ. ਜ਼ਿਲ੍ਹਾ ਮੈਜਿਸਟਰੇਟ, ਬਠਿੰਡਾ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ 2023 ਦੀ ਧਾਰਾ 163 ਅਧੀਨ ਪ੍ਰਾਪਤ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ, ਇਸ ਹੁਕਮ ਦੁਆਰਾ ਜ਼ਿਲ੍ਹਾ ਬਠਿੰਡਾ ਵਿੱਚ ਮਿਤੀ 12.10.2024 ਨੂੰ ਦੁਸਹਿਰੇ ਦੇ ਤਿਓਹਾਰ ਤੇ ਸ਼ਾਮ 6.00 ਵਜੇ ਤੋਂ ਸ਼ਾਮ 7.00 ਵਜੇ ਤੱਕ, ਮਿਤੀ 31.10.2024 ਨੂੰ ਦੀਵਾਲੀ ਵਾਲੀ ਰਾਤ 8.00 ਵਜੇ ਤੋਂ ਰਾਤ 10.00 ਵਜੇ ਤੱਕ, ਮਿਤੀ 15.11.2024 ਨੂੰ ਗੁਰਪੁਰਬ ਦੇ ਮੌਕੇ ਤੇ ਸਵੇਰੇ 4.00 ਵਜੇ ਤੋਂ ਸਵੇਰੇ 5.00 ਵਜੇ (ਇੱਕ ਘੰਟਾ) ਰਾਤ 9.00 ਵਜੇ ਤੋਂ ਰਾਤ 10.00 ਵਜੇ ਤੱਕ (ਇੱਕ ਘੰਟਾ) ਅਤੇ ਕ੍ਰਿਸਮਿਸ /ਨਵਾਂ ਸਾਲ ਮੌਕੇ ਰਾਤ 11.55 PM ਵਜੇ ਤੋਂ 12.30 AM ਵਜੇ ਤੱਕ ਪਟਾਕੇ ਚਲਾਉਣ ਦਾ ਸਮਾਂ ਨਿਰਧਾਰਿਤ ਕਰਦਾ ਹਾਂ। ਇਸ ਤੋਂ ਇਲਾਵਾ ਜੇਕਰ ਪਟਾਕੇ ਚਲਾਉਣ ਦੇ ਸਮੇਂ ਵਿੱਚ ਮਾਨਯੋਗ ਸੁਪਰੀਮ ਕੋਰਟ/ਪੰਜਾਬ ਅਤੇ ਹਰਿਆਣਾ ਹਾਈਕੋਰਟ ਜਾਂ ਪੰਜਾਬ ਸਰਕਾਰ ਵੱਲੋਂ ਕੋਈ ਤਬਦੀਲੀ ਕੀਤੀ ਜਾਂਦੀ ਹੈ ਤਾਂ ਉਸ ਤਬਦੀਲੀ ਅਨੁਸਾਰ ਹੀ ਪਟਾਕੇ ਚਲਾਏ ਜਾ ਸਕਣਗੇ, ਜਿਸ ਸਬੰਧੀ ਵੱਖਰੇ ਤੌਰ ਪਰ ਕੋਈ ਹੁਕਮ ਜਾਰੀ ਨਹੀਂ ਕੀਤਾ ਜਾਵੇਗਾ।

ਇਸ ਤੋਂ ਇਲਾਵਾ ਸ੍ਰੀ ਗੁਰੂ ਗੋਬਿੰਦ ਸਿੰਘ ਰਿਫਾਇਨਰੀ (ਤੇਲ ਸੋਧਕ ਕਾਰਖਾਨਾ) ਫੁੱਲੋਖਾਰੀ ਦੇ ਨਜ਼ਦੀਕ ਪੈਂਦੇ ਪਿੰਡਾਂ (ਫੁੱਲੋਖਾਰੀ, ਰਾਮਾ ਮੰਡੀ, ਰਾਮਾ ਪਿੰਡ, ਰਾਮਸਰਾ, ਗਿਆਨਾ, ਕਣਕਵਾਲ) ਵਿੱਚ ਅਤੇ ਪਿੰਡ ਫੂਸਮੰਡੀ ਵਿਖੇ ਵੱਖ-2 ਤੇਲ ਕੰਪਨੀਆਂ ਦੇ ਤੇਲ ਭੰਡਾਰ ਹੋਣ ਕਾਰਨ ਉਪਰੋਕਤ ਤਿਉਹਾਰ ਸਮੇਂ ਪਟਾਕੇ ਚਲਾਉਣ ਨਾਲ ਤੇਲ ਸੋਧਕ ਕਾਰਖਾਨੇ/ ਤੇਲ ਭੰਡਾਰ ਵਿੱਚ ਕੋਈ ਵੀ ਅਣਸੁਖਾਵੀਂ ਘਟਨਾ ਵਾਪਰ ਸਕਦੀ ਹੈ। ਇਹਨਾਂ ਪਿੰਡਾਂ ਅਤੇ ਆਲੇ-ਦੁਆਲੇ ਦੇ ਏਰੀਏ ਵਿੱਚ ਪਟਾਕੇ ਚਲਾਉਣ ਤੇ ਪੂਰਨ ਤੌਰ ਤੇ ਪਾਬੰਦੀ ਲਗਾਈ ਜਾਂਦੀ ਹੈ।

ਮੌਜੂਦਾ ਹਾਲਤਾਂ ਨੂੰ ਮੁੱਖ ਰੱਖਦੇ ਹੋਏ ਇਹ ਹੁਕਮ ਇੱਕ ਤਰਫਾ ਪਾਸ ਕੀਤਾ ਜਾਂਦਾ ਹੈ ਅਤੇ ਆਮ ਪਬਲਿਕ ਨੂੰ ਸੰਬੋਧਿਤ ਕੀਤਾ ਜਾਂਦਾ ਹੈ।

ਇਹ ਹੁਕਮ ਸੀਨੀਅਰ ਕਪਤਾਨ ਪੁਲਿਸ,ਬਠਿੰਡਾ ਅਤੇ ਕਾਰਜਕਾਰੀ ਇੰਜੀਨੀਅਰ, ਪੰਜਾਬ ਪ੍ਰਦੂਸ਼ਣ ਕੰਟਰੋਲ, ਬਠਿੰਡਾ ਵੱਲੋਂ ਲਾਗੂ ਕਰਵਾਇਆ ਜਾਵੇਗਾ।ਇਹ ਹੁਕਮ ਜਾਰੀ ਕਰਨ ਲਈ ਚੌਂਕੀਦਾਰ ਰਾਹੀਂ ਮੁਨਾਦੀ ਕਰਵਾਈ ਜਾਵੇਗੀ। ਜ਼ਿਲ੍ਹਾ ਲੋਕ ਸੰਪਰਕ ਅਫਸਰ, ਬਠਿੰਡਾ ਵੱਲੋਂ ਮੀਡੀਆ ਰਾਹੀਂ ਪ੍ਰਚਾਰ ਕਰਕੇ ਆਮ ਪਬਲਿਕ ਨੂੰ ਸੂਚਿਤ ਕੀਤਾ ਜਾਵੇਗਾ ਅਤੇ ਸਥਾਨਕ/ਦੂਜੇ ਅਖਬਾਰਾਂ ਦੁਆਰਾ ਅਤੇ ਅਕਾਸ਼ਬਾਣੀ/ ਦੂਰਦਰਸ਼ਨ ਦੀਆਂ ਖ਼ਬਰਾਂ ਰਾਹੀਂ ਘੋਸ਼ਣਾ ਕਰਵਾਕੇ ਪ੍ਰਚਾਰ ਕੀਤਾ ਜਾਵੇਗਾ। ਇਸ ਹੁਕਮ ਦੀਆਂ ਕਾਪੀਆਂ ਦਫਤਰ ਜ਼ਿਲ੍ਹਾ ਮੈਜਿਸਟਰੇਟ, ਜ਼ਿਲ੍ਹੇ ਦੇ ਉਪ ਮੰਡਲ ਮੈਜਿਸਟਰੇਟਸ, ਤਹਿਸੀਲਦਾਰਾਂ, ਬਲਾਕ ਵਿਕਾਸ ਅਤੇ ਪੰਚਾਇਤ ਅਫਸਰਾਂ, ਮਾਰਕਿਟ ਕਮੇਟੀਆਂ, ਪੁਲਿਸ ਸਟੇਸ਼ਨਾਂ ਅਤੇ ਨਗਰ ਪਾਲਿਕਾਵਾਂ ਦੇ ਨੋਟਿਸ ਬੋਰਡਾਂ ਅਤੇ ਜ਼ਿਲ੍ਹਾ ਬਠਿੰਡਾ ਦੀਆਂ ਉੱਘੀਆਂ ਥਾਵਾਂ ਤੇ ਆਮ ਪਬਲਿਕ ਦੀ ਜਾਣਕਾਰੀ ਲਈ ਲਗਾਈਆਂ ਜਾਣਗੀਆਂ।

ਇਹ ਹੁਕਮ ਅੱਜ ਮਿਤੀ ...11.../10/2024 ਨੂੰ ਮੇਰੇ ਦਸਤਖਤਾਂ ਅਤੇ ਮੋਹਰ ਅਦਾਲਤ ਹੇਠ ਜਾਰੀ ਹੋਇਆ ।

(ਮੋਹਰ: ਜ਼ਿਲ੍ਹਾ ਮੈਜਿਸਟਰੇਟ)

ਸ਼ੌਕਤ ਅਹਿਮਦ ਪਰੇ, ਆਈ.ਏ.ਐਸ  
ਜ਼ਿਲ੍ਹਾ ਮੈਜਿਸਟਰੇਟ, ਬਠਿੰਡਾ

ਦਫਤਰ ਜ਼ਿਲ੍ਹਾ ਸਿੱਖਿਆ ਅਫਸਰ (ਸੈ.ਸਿ) ਬਠਿੰਡਾ  
ਪਿੱਠ ਅੰਕਣ ਨੰ: ਸੀ-1/1 ( )2024/11108 ਮਿਤੀ: 18/10/24

ਉਪਰੋਕਤ ਦਾ ਉਤਾਰਾ ਸਮੂਹ ਸਕੂਲ ਮੁਖੀਆਂ ਨੂੰ, ਭੇਜ ਕੇ ਲਿਖਿਆ ਜਾਂਦਾ ਹੈ ਕਿ ਉਕਤ ਪੱਤਰ ਅਨੁਸਾਰ ਬਣਦੀ ਕਾਰਵਾਈ ਕੀਤੀ ਜਾਣੀ ਯਕੀਨੀ ਬਣਾਈ ਜਾਵੇ।

18/10/24

ਉ- ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ.ਸਿ.)  
ਬਠਿੰਡਾ